**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਨੋਦ ਕੁਮਾਰ ਖੁਰਾਨਾ ਐਡਵੋਕੇਟ 9988805570
ਪਤਾ: 110 ,ਸ਼ਿਵਾਲਿਕ ਇੰਨਕਲੇਵ ਮਨੀਮਾਜਰਾ।ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ।
17 ਬੇਜ਼ ਬਿਲਡਿੰਗ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ਦਫਤਰ ਭੌ ਪਰਾਪਤੀ ਕੁਲੈਕਟਰ
ਇੰਡਸਟਰੀਜ ਪੰਜਾਬ, 17 ਬੇਜ਼ ਬਿਲਡਿੰਗ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 3381/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਵਿਨੋਦ ਕੁਮਾਰ ਖੁਰਾਨਾ ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੁਖਵਿੰਦਰ ਕੋਰ ਸੀਨੀਅਰ ਸਹਾਇਕ (9464491993), ਸ੍ਰੀ ਸੰਜੀਵ ਵੈਦ ਸੀਨੀਅਰ ਸਹਾਇਕ (977926715 ਅਤੇ ਰਾਜਵਿੰਦਰ ਕੋਰ ਕਲਰਕ (7528938980)।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 19-11-2019 ਨੂੰ ਅਪੀਲਕਰਤਾ ਸ੍ਰੀ ਵਿਨੋਦ ਕੁਮਾਰ ਖੁਰਾਨਾ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਮੁਕੰਮਲ ਸੂਚਨਾ ਨਹੀ ਦਿਤੀ ਗਈ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਠੀਕ ਨਹੀਂ ਹੈ। ਇਸ ਤੋਂ ਇਲਾਵਾ ਮੰਗੀ ਗਈ ਸੂਚਨਾ ਦਾ ਸਬੰਧ ਤੀਜੀ ਧਿਰ ਨਾਲ ਦਸਿਆ ਜਾ ਰਿਹਾ ਹੈ। ਉਸ ਵਲੋਂ ਇਹ ਵੀ ਕਿਹਾ ਗਿਆ ਕਿ ਆਰ.ਟੀ.ਆਈ.ਐਕਟ. 2005 ਦੀ ਕਿਸ ਧਾਰਾ / ਉਪ ਧਾਰਾ ਅਧੀਨ ਸੂਚਨਾ ਨਹੀਂ ਦਿੱਤੀ ਜਾ ਸਕਦੀ ਸਪਸ਼ੱਟ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਦਿੱਤੀ ਹੋਈ ਹੈ ਅਤੇ ਪਹਿਲਾਂ ਦਿੱਤੀ ਗਈ ਸੂਚਨਾ ਤੇ ਹੀ ਸਟੈਂਡ ਹਨ। ਇਸ ਦੇ ਨਾਲ ਹੀ ਉਸ ਵਲੋਂ ਪੱਤਰ ਨੰ: ਐਲ.ਏ.ਸੀ./ਆਰ.ਟੀ.ਆਈ./ਲੇਖਾਕਾਰ/11614 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਉੱਤਾਰਾ ਕੀਤਾ ਗਿਆ ਹੈ। ਜਿਸ ਰਾਹੀਂ ਦਸਿਆ ਗਿਆ ਕਿ ਲੜੀ ਨੰ: 1 ਅਤੇ 3 ਦਾ ਸਬੰਧ ਤੀਜੀ ਪਾਰਟੀ ਨਾਲ ਹੈ ਅਤੇ ਵਿੱਤੀ ਮਾਮਲਾ ਹੈ। ਲੜੀ ਨੰ: 2 ਦੀ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਦਲੀਲ ਪੇਸ਼ ਕੀਤੀ ਗਈ ਕਿ ਜੇਕਰ ਇਹ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੈ ਤਾਂ ਸਪਸ਼ੱਟ ਕੀਤਾ ਜਾਵੇ ਕਿ ਇਹ ਆਰ.ਟੀ.ਆਈ.ਐਕਟ 2005 ਦੀ ਕਿਸ ਧਾਰਾ /ਉਪ ਧਾਰਾ ਤਹਿਤ ਨਹੀਂ ਦਿੱਤੀ ਜਾ ਸਕਦੀ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਸਬੰਧੀ ਆਪਣਾ ਜਵਾਬ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਪੱਤਰ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਵਿਨੋਦ ਕੁਮਾਰ ਖੁਰਾਨਾ ਐਡਵੋਕੇਟ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਜੇ ਤੱਕ ਸਹੀ ਸੂਚਨਾ ਪ੍ਰਾਪਤ ਨਹੀਂ ਹੋਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੁਖਵਿੰਦਰ ਕੋਰ ਸੀਨੀਅਰ ਸਹਾਇਕ, ਸ੍ਰੀ ਸੰਜੀਵ ਵੈਦ ਸੀਨੀਅਰ ਸਹਾਇਕ ਅਤੇ ਰਾਜਵਿੰਦਰ ਕੋਰ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਸਬੰਧਤ ਕਰਮਚਾਰੀ ਬੱਚੇ ਦੀ ਬਿਮਾਰੀ ਕਾਰਨ ਛੁੱਟੀ ਤੇ ਚੱਲ ਰਿਹਾ ਹੈ ਇਸ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ।

4. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਬੇਨਤੀ ਕੀਤੀ ਗਈ ਕਿ ਸਬੰਧਤ ਕਰਮਚਾਰੀ ਛੁੱਟੀ ਤੇ ਚਲ ਰਿਹਾ ਹੈ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਸ੍ਰੀ ਜ਼ਸਵਿੰਦਰ ਸਿੰਘ ਦੀ ਹਾਜ਼ਰੀ ਵਿਚ ਤਰੀਖ ਰੱਖੀ ਗਈ ਸੀ ਇਸ ਲਈ ਉਸਨੂੰ ਹਾਜਰ ਹੋਣਾ ਚਾਹੀਦਾ ਸੀ ਉਸਦੇ ਬਾਵਜੂਦ ਉਹ ਹਾਜ਼ਰ ਨਹੀਂ ਹੋਇਆ। ਇਸ ਲਈ ਹਾਜ਼ਰ ਨੁਮਾਇੰਦਿਆਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਸ ਕੇਸ ਵਿਚ **ਅਗਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸੁਖਵਿੰਦਰ ਸਿੰਘ, ਪੁੱਤਰ ਸ੍ਰੀ ਲਾਲ ਸਿੰਘ,
ਵਾਰਡ ਨੰ: 3/112, ਸੰਗਤ ਨਗਰ, ਧੂਰੀ, ਜਿਲਾ ਸੰਗਰੂਰ ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ, ਈ.ਓ., ਐਨ ਸੀ,
ਧੂਰੀ, ਜਿਲਾ ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ, ਲੋਕਲ ਗੋਰਮਿੰਟ, ਪਟਿਆਲਾ । -----------ਉੱਤਰਦਾਤਾ

**ਅਪੀਲ ਕੇਸ ਨੰ: 3664/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2019, ਲੋਕ ਸੂਚਨਾ ਅਧਿਕਾਰੀ ਦਫਤਰ ਈ.ਓ. ਐਨ.ਸੀ. ਧੂਰੀ, ਜਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇਕ 5 ਵਿਸਵੇ ਦੇ ਪਲਾਟ ਦੀ ਖਰੀਦ ਰਜਿਸਟਰੀ ਮਿਤੀ 13-02-2017 ਨੂੰ ਸਬ ਰਜਿਸਟਰਾਰ ਧੂਰੀ ਪਾਸੋ ਕਰਵਾਈ ਸੀ । ਉਸ ਵਲੋਂ ਇਸ ਪਲਾਟ ਤੇ ਬੈਂਕ ਪਾਸੋ ਲੋਨ ਲੈ ਕੇ ਮਕਾਨ ਦੀ ਉਸਾਰੀ ਕੀਤੀ ਜਾਣੀ ਹੈ, ਜਿਸ ਸਬੰਧੀ ਵਿਚ ਉਸਨੂੰ ਦਸਤਾਵੇਜ਼ਾਂ ਦੀ ਲੋੜ ਹੈ ਜਿਸ ਕਰਕੇ ਉਸ ਵਲੋਂ ਇਨ੍ਹਾਂ ਦਸਤਾਵੇਜ਼ਾਂ ਅਤੇ ਸਰਕਾਰ ਦੇ ਰੂਲਾਂ ਨੋਟਿਫਿਕੇਸ਼ਨਾਂ ਆਦਿ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮਿਤੀ 19-11-2019 ਨੂੰ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਮਿਤੀ 12-11-2019 ਜ਼ੋ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਨੂੰ ਸੰਬੋਧਤ ਹੈ ਅਤੇ ਉਤਾਰਾ ਇਸ ਕਮਿਸ਼ਨ ਨੂੰ ਵੀ ਕੀਤਾ ਗਿਆ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਇਸ ਬੈਂਚ ਪਾਸੋਂ ਸੁਣਵਾਈ ਨਹੀਂ ਕਰਾਉਣਾ ਚਾਹੁੰਦਾ ਕਿਉਂਜੋ ਉਸਦੇ ਪਹਿਲੇ ਕੇਸਾਂ ਵਿਚ ਜ਼ੋ ਹੁੱਕਮ ਸੁਣਾਇਆ ਗਿਆ ਸੀ ਉਸ ਤੋ ਉਹ ਸੰਤੁਸ਼ਟ ਨਹੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਕੇਸ ਵਿਚ ਅਪੀਲਕਰਤਾ ਅਤੇ ਓੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ। ਪਰ ਅਪੀਲਕਰਤਾ ਵਲੋਂ ਆਪਣੀ ਈ.ਮੇਲ. ਮਿਤੀ 12.11.2019 ਜ਼ੋ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਨੂੰ ਸੰਬੋਧਤ ਹੈ ਅਤੇ ਉਤਾਰਾ ਇਸ ਕਮਿਸ਼ਨ ਨੂੰ ਵੀ ਕੀਤਾ ਗਿਆ ਹੈ। ਜਿਸ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਇਸ ਬੈਂਚ ਪਾਸੋਂ ਸੁਣਵਾਈ ਨਹੀਂ ਕਰਾਉਣਾ ਚਾਹੁੰਦਾ। ਸ੍ਰੀ ਸੁਖਵਿੰਦਰ ਸਿੰਘ ਨੇ ਜਿਹੜੇ ਵੀ ਕੇਸ ਪਾਏ ਸਨ ਉਨ੍ਹਾਂ ਦਾ ਫੈਸਲਾ ਉਸਦੀ ਹਾਜ਼ਰੀ ਵਿਚ ਹੋਇਆ ਹੈ ਅਤੇ ਉਸਦੇ ਆਪਣੇ ਇਕ ਪੱਤਰ ਲਈ ਮੁਆਫੀ ਵੀ ਲਿਖ ਕੇ ਮੰਗੀ ਹੈ, ਇਹ ਆਦਤਨ ਹੀ ਲਿਖ ਰਿਹਾ ਹੈ। ਇਸ ਕੇਸ ਵਿਚ ਇਹ ਪਹਿਲੀ ਸੁਣਵਾਈ ਲਈ ਮਿਤੀ 19-11-2019 ਨਿਸਚਿਤ ਕੀਤੀ ਗਈ ਸੀ ਅਤੇ ਅੱਜ ਅਪੀਲਕਰਤਾ ਅਤੇ ਉੱਤਰਦਾਤਾ ਦੋਵੇਂ ਹਾਜ਼ਰ ਨਹੀਂ ਹੋਏ। ਅਪੀਲਕਰਤਾ ਦੀ ਬੇਨਤੀ ਤੇ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਵਲੋਂ ਇਸ ਕਮਿਸ਼ਨ ਨੂੰ ਅਜੇ ਤੱਕ ਕੋਈ ਹੁਕੱਮ ਪ੍ਰਾਪਤ ਨਹੀਂ ਹੋਏ। ਇਸ ਲਈ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਆਪਣੀ ਈ.ਮੇਲ. ਮਿਤੀ 12.11.2019 ਜ਼ੋ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਨੂੰ ਸੰਬੋਧਤ ਸੀ ਅਤੇ ਉਤਾਰਾ ਇਸ ਕਮਿਸ਼ਨ ਨੂੰ ਵੀ ਕੀਤਾ ਗਿਆ ਸੀ। ਜਿਸ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਇਸ ਬੈਂਚ ਪਾਸੋਂ ਸੁਣਵਾਈ ਨਹੀਂ ਕਰਾਉਣਾ ਚਾਹੁੰਦਾ।ਇਸ ਲਈ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਵਲੋਂ ਉਸਦੀ ਇਸ ਪ੍ਰਤੀ ਬੇਨਤੀ ਦੇ ਆਧਾਰ ਤੇ ਮਿਤੀ 19-12-2019 ਨੂੰ ਨਿੱਜੀ ਸੁਣਵਾਈ ਦਾ ਮੌਕਾ ਦਿੰਦੇ ਹੋਏ ਆਪਣਾ ਪੱਖ ਪੇਸ਼ ਕਰਨ ਲਈ ਲਿਖਿਆ ਗਿਆ ਅਤੇ ਦਫਤਰ ਵਲੋਂ ਫੋਨ ਰਾਹੀਂ ਵੀ ਉਸਨੂੰ ਹਾਜ਼ਰ ਹੋ ਕੇ ਜਾਂ ਲਿਖਤੀ ਆਪਣਾ ਪੱਖ ਪੇਸ਼ ਕਰਨ ਲਈ ਕਿਹਾ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3664/2019

ਗਿਆ, ਪਰ ਉਹ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਲਿਖਤੀ ਰੂਪ ਵਿਚ ਚੀਫ ਰਾਜ ਸੂਚਨਾ ਕਮਿਸ਼ਨ ਦੇ ਦਫਤਰ ਨੂੰ ਸੁਚਿਤ ਕੀਤਾ ਗਿਆ ਹੈ। ਇਸ ਲਈ ਚੀਫ ਰਾਜ ਸੂਚਨਾ ਕਮਿਸ਼ਨ ਵਲੋਂ ਇਹ ਕੇਸ ਮੁੜ ਇਸ ਕਮਿਸ਼ਨ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਹੈ।

3. ਅੱਜ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਜਸਵਿੰਦਰ ਸਿੰਘ ਪੁੱਤਰ ਸ੍ਰੀ ਦੇਸ ਰਾਜ ਸਿੰਘ,
ਵਾਰਡ ਨੰ:6, ਮੋਹੱਲਾ ਬਸੋਲੀ ਪੱਟੀ, ਪਿੰਡ ਅਤੇ ਡਾਕਖਾਨਾ ਬਰੇਟਾ,
ਤਹਿਸੀਲ ਬੁਢਲਾਡਾ, ਜਿਲਾ ਮਾਨਸਾ- ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ,
ਤਹਿਸੀਲਦਾਰ ਬੁਢਲਾਡਾ, ਜਿਲਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ ਕਮ ਐਸ.ਡੀ.ਐਮ, ਬੁਢਲਾਢਾ
ਜਿਲ੍ਹਾ ਮਾਨਸਾ। ---------ਉੱਤਰਦਾਤਾ

**ਅਪੀਲ ਕੇਸ ਨੰ: 3668-2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 02-04-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਮਿਊਂਸਪਲ ਕਮਿਸ਼ਨਰ, ਬਰੇਟਾ, ਤਹਿਸੀਲ ਬੁਢਲਾਡਾ, ਜਿਲਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਭਾਗ ਸਿੰਘ ਪੁੱਤਰ ਸ੍ਰੀ ਸੂਗਰ ਸਿੰਘ ਨਿਵਾਸੀ ਮੁਹਲਾ ਬਲੋਣ ਪੱਤੀ ਬਰੇਟਾ ਪਿੰਡ ਦੇ ਨਾਂ ਨਾਲ ਸਬੰਧਤ ਖਸਰਾ ਨੰ: ਖੇਵਟ ਨੰ: ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਦਿੱਤੀ ਗਈ ਸੂਚਨਾ ਤੋਂ ਸੰਤਸ਼ਟ ਨਾ ਹੋਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 20-11-2019 ਨੂੰ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਪਰ ਉਨ੍ਹਾਂ ਵਲੋਂ ਪੱਤਰ ਨੰ: 85 /ਆਰ.ਟੀ.ਆਈ. ਮਿਤੀ 13-12-2019 ਰਜਿਸਟਰਡ ਡਾਕ ਰਾਹੀਂ ਮਿਤੀ 20-12-2019 ਨੂੰ ਪ੍ਰਾਪਤ ਹੋਇਆ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਪ੍ਰਾਪਤ ਉਕਤ ਪੱਤਰ ਮਿਤੀ 13-12-2019 ਜੋ ਕਮਿਸ਼ਨ ਨੂੰ ਸੰਬੋਧਤ ਹੈ ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਉਨ੍ਹਾ ਦੇ ਦਫਤਰ ਵਲੋਂ ਪੱਤਰ ਨੰ: 494 ਮਿਤੀ 08-11-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ, ਇਸ ਸੰਬਧ ਵਿਚ ਭੇਜੀ ਗਈ ਸੂਚਨਾ ਦੀਆਂ ਕਾਪੀਆਂ ਵੀ ਭੇਜੀਆਂ ਗਈਆਂ ਹਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਵਿਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਸਬੰਧੀ ਸਿੱਧੇ ਤੌਰ ਤੇ ਉੱਤਰਦਾਤਾ ਨੂੰ ਲਿਖਤੀ ਰੂਪ ਵਿਚ ਦਸਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਸੂਚਨਾ ਪ੍ਰਾਪਤ ਨਾ ਹੋਣ ਦੀ ਸੂਰਤ ਵਿਚ ਸਮਝ ਲਿਆ ਜਾਵੇਗਾ ਕਿ ਉਹ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀਮਤੀ ਰਜਨੀ ਗੁਪਤਾ, ਪਤਨੀ ਸ੍ਰੀ ਅਨੁਰਾਗ ਗੁਪਤਾ, ਮ: 79867-99578
ਛਾਹੜੀਆਂ ਮੁਹੱਲਾ, ਰਾਜਾ ਰਾਮ ਸਟਰੀਟ
ਸਿਟੀ ਸੁਨਾਮ, ਜਿਲ੍ਹਾ ਸੰਗਰੂਰ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ,
ਸੀਨੀਅਰ ਪੁਲਿਸ ਕਪਤਾਨ , ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਪੁਲਿਸ.
ਪਟਿਆਲਾ ਰੇਜ਼, ਪਟਿਆਲਾ । ----------ਉੱਤਰਦਾਤਾ

**ਅਪੀਲ ਕੇਸ ਨੰ: 3675/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਐਸ.ਆਈ. (8054545411)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 24-07-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਸੀਨੀਅਰ ਪੁਲਿਸ ਕਪਤਾਨ , ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁੱਖ ਮੰਤਰੀ ਸਾਹਿਬ ਦਫਤਰ ਨੰ: ਅੰ:ਵਿ:ਪ:ਨੰ: 4/32 /2017 ਮੁ:ਮੁ:ਦ:/ਜੀ.ਏ.1/ਈ-30985 ਪੱਤਰ ਐਸ.ਐਸ.ਪੀ.ਸੰਗਰੂਰ ਨ: 2521/8/21-03-19(ਟੀ.1525130) ਦੀ ਪੜਤਾਲ ਝੂਠੇ ਆਰੋਪਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 20-11-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ ਆਪਣੇ ਪਤੀ ਨੂੰ ਆਥਾਰਟੀ ਦਿੱਤੀ ਗਈ ਸੀ ਪਰ ਉਹ ਬਿਮਾਰ ਹੈ ਅਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਨ੍ਹਾਂ ਨੂੰ ਕੁਝ ਜਾਣਕਾਰੀ ਪ੍ਰਾਪਤ ਹੋ ਗਈ ਹੈ, ਪਰ ਉਹ ਪ੍ਰਾਪਤ ਹੋਈ ਸੂਚਨਾ ਤੋਂ ਸਤੁੰਸਟ ਨਹੀਂ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਪਤਰ ਨੰ: 100/ਆਰ.ਟੀ.ਆਈ. ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਈ.ਮੇਲ ਰਾਹੀਂ ਪ੍ਰਾਪਤ ਹੋ ਚੁੱਕਾ ਸੀ ਅਤੇ ਮਿਸਲ ਤੇ ਉਪਲਬਧ ਹੈ,ਰਾਹੀ ਦਸਿਆ ਗਿਆ ਕਿ ਅਪੀਲਕਰਤਾ ਨੇ ਦਰਖਾਸਤ ਨੰ: 2521-ਪੀ ਸਾਲ 2019 ਸਬੰਧੀ ਸਾਰੇ ਦਸਤਾਵੇਜ਼ਾਂ ਦੀਆਂ ਨਕਲਾਂ ਬਾਰੇ ਮੰਗ ਕੀਤੀ ਸੀ ਜਿਸ ਸਬੰਧੀ ਬ੍ਾਂਚ ਪਾਸ ਰਿਕਾਰਡ ਮੁਤਾਬਿਕ ਅਪੀਲਕਰਤਾ ਨੂੰ ਨਕਲਾਂ ਪਹਿਲਾਂ ਹੀ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ, ਇਸ ਲਈ ਉਤਰਦਾਤਾ ਵਲੋਂ ਵੀ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਦੋਨਾਂ ਧਿਰਾਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂਹੋਇਆ ਪਰ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਮੁਕੰਮਲ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਇਸ ਲਈ ਰਹਿੰਦੀ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ।

4. ਉੱਤਰਦਾਤਾ ਵਲੋਂ ਸ੍ਰੀ ਅਜੈਬ ਸਿੰਘ, ਐਸ.ਆਈ. ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਮੰਗੀ ਗਈ ਸੂਚਨਾ ਲਿਆਂਦੀ ਗਈ ਹੈ ।

5. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਜਿਹੜੀ ਸੂਚਨਾ ਲਿਆਂਦੀ ਗਈ ਹੈ ਉਸ ਤੋਂ ਕਮਿਸ਼ਨ ਸੰਤੁਸ਼ਟ ਨਹੀਂ ਕਿਉਂਜੋ ਇਹ ਸੂਚਨਾ ਵੇਰਵੇ ਸਹਿਤ ਨਹੀਂ ਅਤੇ ਨਾ ਹੀ ਇਸ ਦੇ ਨਾਲ ਕੋਈ ਫਰਵਰਡਿੰਗ ਪੱਤਰ ਲਗਾਇਆ ਗਿਆ ਹੈ। ਇਸ ਲਈ ਉਸਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਨੂੰ ਵੇਰਵੇ ਸਹਿਤ ਨੁਕੱਤੇਵਾਰ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 16-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਨੁਰਾਗ ਗੁਪਤਾ ਪੁੱਤਰ ਲੇਟ ਸ੍ਰੀ ਪ੍ਰੇਮ ਸਾਗਰ, ਮ: 79867-99578
ਛਾਹੜੀਆਂ ਮੁਹੱਲਾ, ਰਾਜਾ ਰਾਮ ਸਟਰੀਟ
ਸਿਟੀ ਸੁਨਾਮ, ਜਿਲ੍ਹਾ ਸੰਗਰੂਰ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ,
ਸੀਨੀਅਰ ਪੁਲਿਸ ਕਪਤਾਨ , ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਪੁਲਿਸ.
ਪਟਿਆਲਾ ਰੇਜ਼, ਪਟਿਆਲਾ । ----------ਉੱਤਰਦਾਤਾ

**ਅਪੀਲ ਕੇਸ ਨੰ: 3677/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਐਸ.ਆਈ. (8054545411)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 01-08-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਸੀਨੀਅਰ ਪੁਲਿਸ ਕਪਤਾਨ , ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਨਲਾਈਨ ਸ਼ਿਕਾਇਤ (ਪੀ.ਜੀ.ਪੋਰਟਲ)PMOPG/E/2018/0096228 ਮਿਤੀ 01 ਮਾਰਚ, 2018 ਜ਼ੋ ਕਿ ਸ਼ਿਕਾਇਤ ਕਰਤਾ ਦੇ ਪਰਿਵਾਰ ਦੀ ਸੁਰਖਿਆ ਪੁਲਿਸ ਕਾਰਵਾਈ ਵਿੱਚ ਦੇਰੀ ਹੋਣ ਕਰਕੇ ਖਤਰੇ ਵਿਚ ਹੋਣ ਸਬਧੀ ਸੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 20-11-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਹ ਬਿਮਾਰ ਹੈ ਅਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਨ੍ਹਾਂ ਨੂੰ ਕੁਝ ਜਾਣਕਾਰੀ ਪ੍ਰਾਪਤ ਹੋ ਗਈ ਹੈ, ਪਰ ਉਹ ਅਧੂਰੀ ਹੈ ਅਤੇ ਪ੍ਰਾਪਤ ਹੋਈ ਸੂਚਨਾ ਤੋਂ ਸਤੁੰਸਟ ਨਹੀਂ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 99/ਆਰ.ਟੀ.ਆਈ. ਮਿਤੀ 19-11-2019 ਪੇਸ਼ ਕੀਤਾ ਗਿਆ ਜੋ ਪਹਿਲਾਂ ਹੀ ਈ.ਮੇਲ ਰਾਹੀਂ ਪ੍ਰਾਪਤ ਹੋ ਚੁੱਕਾ ਸੀ ਅਤੇ ਮਿਸਲ ਤੇ ਉਪਲਭਧ ਹੈ, ਰਾਹੀ ਦਸਿਆ ਗਿਆ ਕਿ ਅਪੀਲਕਰਤਾ ਨੇ ਦਰਖਾਸਤ ਨੰ: 3051-ਪੀ ਸਾਲ 2019 ਸਬੰਧੀ ਸਾਰੇ ਦਸਤਾਵੇਜ਼ਾਂ ਦੀਆਂ ਨਕਲਾਂ ਬਾਰੇ ਮੰਗ ਕੀਤੀ ਸੀ ਜਿਸ ਸਬੰਧੀ ਸੰਬਧਤ ਬ੍ਰਾਂਜ਼ ਪਾਸ ਰਿਕਾਰਡ ਮੁਤਾਬਿਕ ਨਕਲਾਂ ਪਹਿਲਾਂ ਹੀ ਮੁਹੱਈਆ ਕੀਤੀਆਂ ਗਈਆਂ ਹਨ, ਪਰ ਅਪੀਲਕਰਤਾ ਵਲੋਂ ਜਾਣੂ ਕਰਵਾਇਆ ਗਿਆ ਹੈ ਕਿ ਸੂਚਨਾ ਅਧੂਰੀ ਹੈ। ਇਸ ਲਈ ਅਗਲੀ ਤਾਰੀਖ ਦੇਣ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਦੋਨਾਂ ਧਿਰਾਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਸ੍ਰੀ ਅਜੈਬ ਸਿੰਘ, ਐਸ.ਆਈ. ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਮੰਗੀ ਗਈ ਸੂਚਨਾ ਲਿਆਂਦੀ ਗਈ ਹੈ ।

5. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਜਿਹੜੀ ਸੂਚਨਾ ਲਿਆਂਦੀ ਗਈ ਹੈ ਉਸ ਤੋਂ ਕਮਿਸ਼ਨ ਸੰਤੁਸ਼ਟ ਨਹੀਂ ਕਿਉਂਜੋ ਇਹ ਸੂਚਨਾ ਵੇਰਵੇ ਸਹਿਤ ਨਹੀਂ ਅਤੇ ਨਾ ਹੀ ਇਸ ਦੇ ਨਾਲ ਕੋਈ ਫਰਵਰਡਿੰਗ ਪੱਤਰ ਲਗਾਇਆ ਗਿਆ ਹੈ। ਇਸ ਲਈ ਉਸਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਨੂੰ ਵੇਰਵੇ ਸਹਿਤ ਨੁਕੱਤੇਵਾਰ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 16-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3547/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ (9478087515)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-05-2019, ਲੋਕ ਸੂਚਨਾ ਅਧਿਕਾਰੀ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 6/4/07-1ਅ1/895 ਮਿਤੀ 16-01-2019 ਦੇ ਇਵਜ਼ ਵਿਚ ਸਰਬਜੀਤ ਸਿੰਘ ਮਿਨਹਾਸ ਵਲੋ 09-03-2019 ਨੂੰ ਰਜਿਸਟਰ ਪੱਤਰ ਭੇਜਿਆ ਸੀ ਇਸ ਪੱਤਰ ਸਬੰਧੀ ਕਾਰਵਾਈ ਕਰਨ ਲਈ ਸ੍ਰੀ ਕੁਲਦੀਪ ਸਿੰਘ ਅਤੇ ਸ੍ਰੀ ਲੱਛਮਣ ਸਿੰਘ ਸੁਪਰਡੰਟ ਵਲੋਂ ਕੀਤੀ ਗਈ ਨੋਟਿੰਗ ਦੀ ਕਾਪੀ ਅਤੇ ਡਾਇਰੈਕਟਰ ਸਾਹਿਬ ਵਲੋਂ ਕੀਤੇ ਹੁਕੱਮਾਂ ਦੇ ਨਾਲ ਨਾਲ ਹੋਰ ਕਰਮਚਾਰੀਆਂ ਨਾਲ ਸਬੰਧਤ 13 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਸੁਣਵਾਈ ਦੀ ਮਿਤੀ 20-11-2019 ਨੂੰ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 04 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਉੱਤਰਦਾਤਾ ਦਾ ਪੱਤਰ ਮਿਤੀ 06-11-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਰਾਹੀਂ ਦਸਿਆ ਗਿਆ ਕਿ ਬਿਨੈਕਾਰ ਨੂੰ ਪਹਿਲਾਂ ਭੇਜੇ ਪੱਤਰ ਮਿਤੀ 31-08-2019 ਵਿਚ ਦਸਿਆ ਗਿਆ ਹੈ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਮਿਤੀ 31-07-2019 ਰਾਹੀਂ 01 ਤੋਂ 22 ਤੱਕ ਰਜਿਸਟਰਡ ਪੱਤਰ ਰਾਹੀਂ ਸੂਚਨਾ ਭੇਜ਼ ਦਿੱਤੀ ਗਈ ਸੀ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 82 ਬੀ/ਆਰ.ਟੀ.ਆਈ.ਸਹਾਇਕ/4674 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 13 ਤੱਕ ਦਿੱਤੀ ਗਈ ਸੂਚਨਾ ਅਪੀਲਕਰਤਾ ਨੂੰ ਰਸੀਟ ਕਰਵਾਈ ਗਈ ਅਤੇ ਇਸ ਪੱਤਰ ਦਾ ਉਤਾਰਾ ਅਤੇ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ ਅੱਜ ਪੇਸ਼ੀ ਤੇ ਹਾਜ਼ਰ ਹੋਇਆ । ਉਸ ਵਲੋਂ ਆਪਣੇ ਪੱਤਰ ਮਿਤੀ 19-12-2019 ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀ਼ ਬੇਨਤੀ ਕੀਤੀ ਗਈ ਸੀ ਕਿ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਭਿਜਵਾਈ ਜਾਵੇ। ਪੱਤਰ ਮਿਸਲ ਤੇ ਉਪਲਭਧ ਹੈ।ਅੱਜ ਪੇਸ਼ੀ ਦੋਰਾਨ ਹਾਜਰ ਹੋ ਕੇ ਕਮਿਸਨ ਨੂੰ ਦਸਿਆ ਗਿਆ ਕਿ ਉਸਨੂੰ

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3547/2019

ਮੰਗੀ ਗਈ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਸੰਤੁਸ਼ਟ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ।

5. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਪਰੋਕਤ ਅਨੁਸਾਰ ਦਿੱਤੇ ਗਏ ਬਿਆਨਾਂ ਮੁਤਾਬਿਕ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਦੀ ਪੁਸਟੀ ਅਪੀਲਕਰਤਾ ਵਲੋਂ ਕਮਿਸ਼ਨ ਸਾਹਮਣੇ ਕੀਤੀ ਗਈ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। -----ਉੱਤਰਦਾਤਾ

**ਅਪੀਲ ਕੇਸ ਨੰ: 3548/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ (9478087515)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-05-2019, ਲੋਕ ਸੂਚਨਾ ਅਧਿਕਾਰੀ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 6/44/07-1ਅ1/7707 ਮਿਤੀ 14-05-2019 ਰਾਹੀ ਰੂਲਜ਼ 1963 ਦੇ ਬਾਰੇ ਨੋਟਿੰਗ ਦਿੱਤੀ ਹੈ। ਓਸ ਵਿਚ ਸਰਵ ਸ੍ਰੀ ਲਛਮਣ ਸਿੰਘ ਸੁਪਰਡੰਟ ਅਮਲਾ । ਅਤੇ ਕੁਲਦੀਪ ਸਿੰਘ ਸੁਪਰਡੰਟ ਅਮਲਾ । ਅਤੇ ਹੋਰ ਕਰਮਚਾਰੀਆਂ ਬਾਰੇ ਸੂਚਨਾ ਦੇ ਨਾਲ ਨਾਲ ਉਕਤ ਰੂਲਾਂ ਨਾਲ ਸਬੰਧਤ 17 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਸੁਣਵਾਈ ਦੀ ਮਿਤੀ 20-11-2019 ਨੂੰ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 06 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਮਿਤੀ 20-11-2019 ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਵਿੰਦਰ ਸਿੰਘ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਅਨੁਸਾਰ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 22-08-2019 ਰਾਹੀਂ ਦਸਿਆ ਗਿਆ ਸੀ ਕਿ ਅਪੀਲਕਰਤਾ ਨੂੰ ਪੱਤਰ ਮਿਤੀ 16-08-2019 ਅਤੇ 13-08-2019 ਨਾਲ ਪੰਨਾ 01 ਤੋਂ 17, 01 ਤੋਂ 203 ਅਤੇ 01 ਤੋਂ 15 ਅਤੇ 01 ਤੋਂ 62 ਕ੍ਰਮਵਾਰ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 82 ਸੀ ਅਤੇ 83ਬੀ/ਆਰ.ਟੀ.ਆਈ.ਸਹਾਇਕ/4676-77 ਮਿਤੀ 19-11-2019 ਅਤੇ ਪੱਤਰ ਨੰ: 1/52/2016-1ਅ2/15560 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 17 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਆਪਣੇ ਪੱਤਰ ਮਿਤੀ ਨਿੱਲ ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀਂ ਬੇਨਤੀ ਕੀਤੀ ਗਈ ਸੀ ਕਿ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਭਿਜਵਾਈ ਜਾਵੇ। ਪੱਤਰ ਮਿਸਲ ਤੇ ਉਪਲਭਧ ਹੈ।ਅੱਜ ਪੇਸ਼ੀ ਦੋਰਾਨ ਹਾਜਰ ਹੋ ਕੇ ਕਮਿਸਨ ਨੂੰ ਦਸਿਆ ਗਿਆ ਕਿ ਉਸਨੂੰ ਮੰਗੀ ਗਈ

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਸੰਤੁਸ਼ਟ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ।

5. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਪਰੋਕਤ ਅਨੁਸਾਰ ਦਿੱਤੇ ਗਏ ਬਿਆਨਾਂ ਮੁਤਾਬਿਕ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਦੀ ਪੁਸਟੀ ਅਪੀਲਕਰਤਾ ਵਲੋਂ ਕਮਿਸ਼ਨ ਸਾਹਮਣੇ ਕੀਤੀ ਗਈ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3549/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ (9478087515)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-05-2019, ਲੋਕ ਸੂਚਨਾ ਅਧਿਕਾਰੀ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਹਰਨੇਕ ਸਿੰਘ ਦੇ ਨੰ: 174 ਅਤੇ ਸਤਨਾਮ ਸਿੰਘ ਨੰ: 157 ਵਲੋ ਕੰਡਕਟਰ ਤੋਂ ਕਲਰਕ ਬਣਨ ਲਈ ਦਿੱਤੀ ਗਈ ਅਰਜੀ ਦੀ ਕਾਪੀ ਅਤੇ ਇਸ ਤੇ ਕਾਰਵਾਈ ਨਾਲ ਸਬੰਧਤ 15 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਮੁਕੰਮਲ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਸੁਣਵਾਈ ਦੀ ਮਿਤੀ 20-11-2019 ਨੂੰ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 02 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਮਿਤੀ 20-11-2019 ਤੋਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਜਾਵੇ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਵਿੰਦਰ ਸਿੰਘ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 22-08-2019 ਰਾਹੀਂ ਆਪਣੇ ਪਹਿਲੇ ਪੱਤਰ ਮਿਤੀ 16-08-2019 ਅਤੇ 13-08-2019 ਨਾਲ ਪੰਨਾ 01 ਤੋਂ 17, 01 ਤੋਂ 203 ਅਤੇ 01 ਤੋਂ 15 ਅਤੇ 01 ਤੋਂ 62 ਕ੍ਰਮਵਾਰ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 82 ਸੀ ਅਤੇ 83ਬੀ/ਆਰ.ਟੀ.ਆਈ.ਸਹਾਇਕ/4678-79 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 15 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਆਪਣੇ ਪੱਤਰ ਮਿਤੀ 19-12-2019 ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀਂ ਬੇਨਤੀ ਕੀਤੀ ਗਈ ਸੀ ਕਿ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਭਿਜਵਾਈ ਜਾਵੇ। ਪੱਤਰ ਮਿਸਲ ਤੇ ਉਪਲਭਧ ਹੈ। ਪੇਸ਼ੀ ਦੋਰਾਨ ਹਾਜਰ ਹੋ ਕੇ ਕਮਿਸਨ ਨੂੰ ਦਸਿਆ ਗਿਆ ਕਿ ਉਸਨੂੰ ਮੰਗੀ

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3549/2019

ਗਈ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਸੰਤੁਸ਼ਟ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ।

5. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਪੇਸ਼ੀ ਦੌਰਾਨ ਉਪਰੋਕਤ ਅਨੁਸਾਰ ਦਿੱਤੇ ਗਏ ਬਿਆਨਾਂ ਮੁਤਾਬਿਕ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਦੀ ਪੁਸਟੀ ਅਪੀਲਕਰਤਾ ਵਲੋਂ ਕਮਿਸ਼ਨ ਸਾਹਮਣੇ ਕੀਤੀ ਗਈ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ।। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 15 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3550/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀਮਤੀ ਰਜਨੀ ਕੁਮਾਰੀ ਸੀਨੀਅਰ ਸਹਾਇਕ (9855810494)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-05-2019, ਲੋਕ ਸੂਚਨਾ ਅਧਿਕਾਰੀ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀ.ਓ.ਸੀ.ਪੀ. ਨੰ: 1211/ਆਫ 2016 ਸਬੰਧੀ ਸ੍ਰੀ ਸਰਜੀਵਨ ਸਿੰਘ, ਸੀ:ਸਹਾਇਕ ਨੂੰ ਜਾਰੀ ਕਾਰਨ ਦਸੋ ਨੋਟਿਸ ਨਾਲ ਸਬੰਧਤ 08 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਸੁਣਵਾਈ ਦੀ ਮਿਤੀ 20-11-2019 ਨੂੰ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 05 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਮਿਤੀ 20-11-2019 ਤੋਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 31-10-2019 ਰਾਹੀਂ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 834/ਆਰ.ਟੀ.ਆਈ.ਸਹਾਇਕ/4680-81 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 08 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਸਰਬਜੀਤ ਸਿੰਘ ਮਿਨਹਾਸ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਉਸ ਵਲੋਂ ਆਪਣੇ ਪੱਤਰ ਮਿਤੀ 19-12-2019 ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀ਼ ਵੀ ਬੇਨਤੀ ਕੀਤੀ ਸੀ ਕਿ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਭਿਜਵਾਈ ਜਾਵੇ। ਪੱਤਰ ਮਿਸਲ ਤੇ ਉਪਲਭਧ ਹੈ।

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3550/2019

ਅੱਜ ਪੇਸ਼ੀ ਦੋਰਾਨ ਹਾਜਰ ਹੋ ਕੇ ਕਮਿਸਨ ਨੂੰ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ । ਜਲਦੀ ਮੁਹੱਈਆ ਕਰਵਾਈ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀਮਤੀ ਰਜਨੀ ਕੁਮਾਰੀ ਸੀਨੀਅਰ ਸਹਾਇਕ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਸਬੰਧਤ ਡੀਲਿੰਗ ਹੈਂਡ ਛੁੱਟੀ ਤੇ ਚਲ ਰਿਹਾ ਹੈ, ਇਸ ਲਈ ਇਸ ਕੇਸ ਵਿਚ ਸਮਾਂ ਦਿੱਤਾ ਜਾਵੇ।

5. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਪਰੋਕਤ ਅਨੁਸਾਰ ਦਿੱਤੇ ਗਏ ਬਿਆਨਾਂ ਮੁਤਾਬਿਕ ਨੂੰ ਧਿਆਨ ਵਿਚ ਰਖਦੇ ਹੋਏ। ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 10-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗਗਨਦੀਪ ਸਿੰਘ ਜੰਜੂਆ, ਮੋ: 97806-43243
ਪਿੰਡ ਤੂਰਾਂ, ਡਾਕਖਾਨਾ ਕੁੰਭ, ਤਹਿਸੀਲ ਅਮਲੋਹ,
ਜ਼ਿਲ੍ਹਾਂ ਫਤਿਹਗੜ੍ਹ ਸਾਹਿਬ,ਪੰਜਾਬ ਪਿੰਨ ਕੋਡ-14731 -----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜਿਲਾ ਸ਼ਹੀਦ ਭਗਤ ਸਿੰਘ ਨਗਰ।

ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜਿਲਾ ਸ਼ਹੀਦ ਭਗਤ ਸਿੰਘ ਨਗਰ ---------ਉਤਰਦਾਤਾ

**ਅਪੀਲ ਕੇਸ ਨੰ: 3711/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ(9876318667)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਪੱਦੀ ਮੱਠ ਵਾਲੀ ਦੇ 108 ਸੁਆਮੀ ਗਭੀਰ ਨਾਥ ਪਰਬਤ ਜੀ ਦੇ ਮੱਠ ਪਰ ਰਸੀਵਰ ਨਿਯੁਕਤੀ ਨਾਲ ਕਰਨ ਡਿਪਟੀ ਕਮਿਸ਼ਨ ਨਵਾਂ ਸਹਿਰ ਨੂੰ ਸ਼ਿਫਾਰਸਾਂ ਕੀਤੀਆਂ। ਜਦੋ ਕਿ ਸੀ.ਆਰ.ਪੀ.ਸੀ ਦੇ ਸੈਕਸ਼ਨ 145 ਅਤੇ 146 ਦਾ ਹਵਾਲਾ ਦਿੰਦੇ ਹੋਏ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 21-11-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਮਿਤੀ 21-11-2019 ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਇਸ ਕੇਸ ਦੀ ਸੁਣਵਾਈ ਲਈ ਪੇਸ਼ ਨਹੀਂ ਹੋ ਸਕਦਾ ਇਸ ਲਈ ਇਕ ਹੋਰ ਮੋਕਾ ਦਿੱਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 60/ਆਰ.ਟੀ.ਆਈ./ ਮਿਤੀ 09-08-2019 ਪੇਸ਼ ਕੀਤਾ ਗਿਆ ਉਹ ਗੱਲਤ ਹੈ, ਕਿਉਂਜੋ ਅਪੀਲਕਰਤਾ ਨੂੰ ਇਹ ਦਸਣਾ ਚਾਹੀਦਾ ਹੈ ਕਿ ਜ਼ੋ ਰਸੀਵਰ ਲਾਇਆ ਗਿਆ ਸੀ ਉਹ ਕਿਸ ਪੁਲਿਸ ਦੀ ਰਿਪੋਰਟ ਦੇ ਆਧਾਰ ਤੇ ਲਾਇਆ ਗਿਆ, ਕੀ ਪੁਲਿਸ ਦੀ ਰਿਪੋਰਟ ਨੂੰ ਆਧਾਰ ਬਣਾਇਆ ਗਿਆ ਜਾਂ ਉਂਝ ਹੀ ਲਾਇਆ ਗਿਆ ਸੀ। ਉੱਤਰਦਾਤਾ ਵਲੌਂ ਕਹਿਣਾ ਕਿ ਇੰਨਕੁਆਰੀ ਚਲ ਰਹੀ ਹੈ ਉਸ ਨਾਲ ਅਪੀਲਕਰਤਾ ਦਾ ਕੋਈ ਸਬੰਧ ਨਹੀਂ ਹੈ। ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਉੱਤਰ ਵਿਸਥਾਰਪੂਰਵਕ ਦਿੱਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੌਂ ਈ.ਮੇਲ. ਰਾਹੀਂ ਪ੍ਰਾਪਤ ਪੱਤਰ ਮਿਤੀ 15.1.2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਮਿਸਲ ਤੇ ਰੱਖ ਲਿਆ ਗਿਆ ਹੈ, ਰਾਹੀਂ ਸੂਚਿਤ ਕੀਤਾ ਗਿਆ ਕਿ ਉਸਦੀ ਸਿਵਲ ਕੋਰਟ ਨਵਾਂ ਸ਼ਹਿਰ ਵਿਖੇ ਗਵਾਹੀ ਹੋਣ ਕਾਰਨ ਉਹ ਹਾਜ਼ਰ ਨਹੀਂ ਹੋ ਸਕਦਾ। ਇਸ ਦੇ ਨਾਲ ਹੀ ਦਸਿਆ ਗਿਆ ਕਿ ਅਜੇ ਤੱਕ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3711/2019

ਕਿਸੇ ਵੀ ਪ੍ਰਕਾਰ ਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਹੋਰ ਮੌਕਾ ਦਿੱਤਾ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਸਪੈਸਲ 1/ਰੀਡਰ/ ਮਿਤੀ 14-01-2020 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅਨੁਸਾਰ ਉਸਨੂੰ ਅਜੇ ਤਕ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 14-01-2020 ਰਾਹੀਂ ਅਪੀਲਕਰਤਾ ਨੂੰ ਸੂਚਨਾ ਦੇਣ ਲਈ ਲਿਆਂਦੀ ਗਈ ਸੀ, ਜਿਸ ਵਿਚ ਦਸਿਆ ਗਿਆ ਕਿ ਉਨ੍ਹਾਂ ਦੇ ਦਫਤਰ ਵਲੋਂ ਕੋਈ ਵੀ ਰਸੀਵਰ ਨਿਯੁਕਤ ਨਹੀਂ ਕੀਤਾ ਗਿਆ। ਇਹ ਵੀ ਦਸਿਆ ਗਿਆ ਕਿ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿਘ ਜੀ ਦੇ ਹੁਕੱਮ ਮੁਤਾਬਿਕ ਸ਼ਿਕਾਇਤ ਸਬੰਧੀ ਇਹ ਕੇਸ ਮੂਲਰੂਪ ਵਿਚ ਪੌਤਰ ਨੰਬਰ 307/ਰੀਡਰ/ਮਿਤੀ 03-10-2019 ਰਾਹੀਂ ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ ਨੂੰ ਨਿਪਟਾਰਾ ਕਰਨ ਹਿੱਤ ਟਰਾਂਸਫਰ ਕਰ ਦਿੱਤਾ ਗਿਆ ਹੈ। ਇਸ ਲਈ ਜ਼ੋ ਸੂਚਨਾ ਲਿਆਂਦੀ ਗਈ ਹੈ ਉਹ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ। ਇਸ ਤਰ੍ਹਾਂ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ/ਉੱਤਰ ਜ਼ੋ ਅਪੀਲਕਰਤਾ ਨੂੰ ਦਿੱਤਾ ਗਿਆ ਹੈ ਸਹੀ ਹੈ ਅਤੇ ਕਮਿਸ਼ਨ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ।ਇਹ ਸੂਚਨਾ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ। ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗਗਨਦੀਪ ਸਿੰਘ ਜੰਜੂਆ, ਮੋ: 97806-43243
ਪਿੰਡ ਤੂਰਾਂ, ਡਾਕਖਾਨਾ ਕੁੰਭ,
ਤਹਿਸੀਲ ਅਮਲੋਹ, ਜ਼ਿਲ੍ਹਾਂ ਫਤਿਹਗੜ੍ਹ ਸਾਹਿਬ,
ਪੰਜਾਬ ਪਿੰਨ ਕੋਡ-14731 -----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜਿਲਾ ਸ਼ਹੀਦ ਭਗਤ ਸਿੰਘ ਨਗਰ।

ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜਿਲਾ ਸ਼ਹੀਦ ਭਗਤ ਸਿੰਘ ਨਗਰ । ---------ਉਤਰਦਾਤਾ

**ਅਪੀਲ ਕੇਸ ਨੰ: 3712/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ(9876318667)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 1527, ਸਕ,ਮਿਤੀ 03-08-2018 ਰਾਹੀਂ ਤੇ ਪੱਤਰ ਨੰ: 1954-55, ਸ.ਕ., ਮਿਤੀ 30-10-1918 ਰਾਹੀਂ ਮੰਹਤ ਪ੍ਰਕਾਸ਼ ਨੰਦ ਪੁਰੀ ਜੀ ਦੇ ਡੇਰਾਂ ਗੋਸਾਈਆਣਾ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 21-11-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਮਿਤੀ 21-11-2019 ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਇਸ ਕੇਸ ਦੀ ਸੁਣਵਾਈ ਲਈ ਪੇਸ਼ ਨਹੀਂ ਹੋ ਸਕਦਾ ਇਸ ਲਈ ਇਕ ਹੋਰ ਮੋਕਾ ਦਿੱਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲੋਂ ਇਸ ਕੇਸ ਵਿਚ ਅਪੀਲਕਰਤਾ ਨੂੰ ਸੂਚਨਾ ਦੇਣ ਲਈ ਹੋਰ ਸਮੇ ਦੀ ਮੰਗ ਕੀਤੀ ਗਈ। ਇਸ ਲਈ ਦੋਨਾਂ ਧਿਰਾਂ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋੌਂ ਈ.ਮੇਲ.ਰਾਹੀਂ ਪ੍ਰਾਪਤ ਪੱਤਰ ਮਿਤੀ 15.1.2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਮਿਸਲ ਤੇ ਰੱਖ ਲਿਆ ਗਿਆ ਹੈ, ਰਾਹੀਂ ਸੂਚਿਤ ਕੀਤਾ ਗਿਆ ਕਿ ਉਸਦੀ ਸਿਵਲ ਕੋਰਟ ਨਵਾਂ ਸ਼ਹਿਰ ਵਿਖੇ ਗਵਾਹੀ ਹੋਣ ਕਾਰਨ ਉਹ ਹਾਜ਼ਰ ਨਹੀਂ ਹੋ ਸਕਦਾ। ਇਸ ਦੇ ਨਾਲ ਹੀ ਦਸਿਆ ਗਿਆ ਕਿ ਅਜੇ ਤੱਕ ਕਿਸੇ ਵੀ ਪ੍ਰਕਾਰ ਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਹੋਰ ਮੌਕਾ ਦਿੱਤਾ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 93/ਏ.ਐਸ.ਡੀ.ਏ. ਮਿਤੀ 03-01-2020 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ । ਪੱਤਰ ਮਿਸਲ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3712/2019

ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅਨੁਸਾਰ ਉਸਨੂੰ ਅਜੇ ਤਕ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 03-01-2020 ਰਾਹੀਂ ਅਪੀਲਕਰਤਾ ਨੂੰ ਸੂਚਨਾ ਦੇਣ ਲਈ ਲਿਆਂਦੀ ਗਈ ਸੀ, ਜਿਸ ਵਿਚ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਆਰ.ਟੀ.ਆਈ. ਐਕਟ ਤਹਿਤ ਮੰਗੀ ਗਈ ਸੂਚਨਾ ਤਿਆਰ ਕਰਕੇ ਭੇਜੀ ਜਾਂਦੀ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਜ਼ੋ ਅਪੀਲਕਰਤਾ ਨੂੰ ਦਿੱਤੀ ਗਈ ਹੈ ਉਹ ਸਹੀ ਹੈ ਅਤੇ ਕਮਿਸ਼ਨ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ।ਇਸ ਲਈ ਜ਼ੋ ਸੂਚਨਾ ਲਿਆਂਦੀ ਗਈ ਹੈ ਉਹ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ। ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਸੇਵਕ ਸਿੰਘ ,
ਅਸੀਸਟੈਂਟ ਪ੍ਰੋਫੈਸਰ ਪੁੱਤਰ ਸ੍ਰੀ ਗਿਆਨ ਸਿੰਘ,
H.No. Z-2 06852, St. No. 11/3,
ਪਾਵਰ ਹਾਉਸ ਰੋਡ, ਬਠਿੰਡਾ ਪੰਜਾਬ ਪਿੰਨ ਕੋਡ-151001 -----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ । ---------ਉਤਰਦਾਤਾ

**ਅਪੀਲ ਕੇਸ ਨੰ: 3719/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-06-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 6356/ਐਸ-।।।/97/18/ਆਰ.ਟੀ.ਆਈ. ਸੈੱਲ ਮਿਤੀ 01-10-2018 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 4-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 21-11-2019 ਨੂੰ ਅਪੀਲਕਰਤਾ ਸ੍ਰੀ ਗੁਰਸੇਵਕ ਸਿੰਘ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਮੰਗੀ ਗਈ ਸੂਚਨਾ ਅੱਜੇ ਤੱਕ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸਰਮਾਂ, ਵਕੀਲ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 8703/ਐਸ.-3/651-19/ਆਰ.ਟੀ.ਆਈ. ਸੈਂਲ ਮਿਤੀ 19-11-2019 ਪੇਸ਼ ਕੀਤਾ ਗਿਆ ਅਤੇ ਬੇਨਤੀ ਕੀਤੀ ਗਈ ਇਸ ਕੇਸ ਸੂਚਨਾ ਦੇਣ ਲਈ ਹੋਰ ਸਮੇ ਦੀ ਲੋੜ ਹੈ। ਇਸ ਲਈ ਬੇਨਤੀ ਕੀਤੀ ਗਈ ਕਿ ਇਸ ਕੇਸ ਵਿਚ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੌਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਪੱਤਰ ਮਿਤੀ 14-01-2020 ਜੋ ਕਮਿਸ਼ਨ ਨੂੰ ਸਬੋਧਤ ਹੈ, ਮਿਸਲ ਤੇ ਰੱਖ ਲਿਆ ਗਿਆ ਹੈ। ਜਿਸ ਰਾਹੀਂ ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਪਤਰ ਨੰ: 167/ਐਸ.3/651-19/ਆਰ.ਟੀ.ਆਈ.ਸੈੱਲ ਮਿਤੀ 09-01-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਮਿਤੀ 13-01-2020 ਨੂੰ ਪ੍ਰਾਪਤ ਹੋ ਚੁੱਕਾ ਹੈ। ਮਿਸਲ ਤੇ ਉਪਲਭਧ ਹੈ।

5. ਅਪੀਲਕਰਤਾ ਵਲੋਂ ਈ.ਮੇਲ ਰਾਹੀਂ ਪ੍ਰਾਪਤ ਪੱਤਰ ਮਿਤੀ 14-01-2020 ਰਾਹੀਂ ਲਿਖਿਆ ਗਿਆ ਹੈ ਉਸਨੂੰ ਅਪੀਲਕਰਤਾ ਵਲੋਂ ਭੇਜੀ ਗਈ ਸੂਚਨਾ ਸਹੀ ਨਹੀਂ ਹੈ।ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3719/2019

ਜਾਵੇ। ਉੱਤਰਦਾਤਾ ਦੇ ਨੁਮਾਇੰਦੇ ਵਲੋਂ ਉਕੱਤ ਪੱਤਰ ਮਿਤੀ 09-01-2020 ਅਨੁਸਾਰ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਪੱਤਰ ਨੰ:88/ਐਸ-।।। /651/19/ਆਰ.ਟੀ.ਆਈ.ਸੈੱਲ ਮਿਤੀ 06-01-2020 ਰਾਹੀਂ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਰਜਿਸਟਰੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ। ਇਹ ਪੱਤਰ ਕਮਿਸ਼ਨ ਪਾਸ ਪਹਿਲਾਂ ਹੀ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਭਧ ਹੈ। ਉੱਤਰਦਾਤਾ ਵਲੋਂ ਪਤਰ ਮਿਤੀ 06-01-2020 ਰਾਹੀਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੁਕਤਾਵਾਰ ਅਤੇ ਵਿਸਥਾਰ ਵਿਚ ਦਸਤਾਵੇਜ਼ਾਂ ਸਹਿਤ ਦਿੱਤੀ ਗਈ ਹੈ।ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਭੇਜੀ ਗਈ ਇਸ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 15 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**